# ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ



## ਜਮੀਨਦੋਜ਼ ਪਾਇਪਾਂ ਤੇ ਮਾਇਕ੍ਰੋਇਰੀਗੇਸਨ ਲਈ ਦਿੱਤੀ 23 ਕਰੋੜ ਦੀ ਸਬਸਿਡੀ-ਡਿਪਟੀ ਕਮਿਸ਼ਨਰ

## ਮੀਂਹ ਦੇ ਪਾਣੀ ਦੀ ਕੀਤੀ ਜਾਵੇ ਸੰਭਾਲ

## -ਜਲ ਸ਼ਕਤੀ ਕੇਂਦਰ ਬਣਾਇਆ ਜਾਵੇਗਾ

ਫਾਜ਼ਿਲਕਾ, 18 ਅਗਸਤ,

ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਜਿਸ ਰਫ਼ਤਾਰ ਨਾਲ ਧਰਤੀ ਤੇ ਸਾਫ ਪਾਣੀ ਦੇ ਸੋਮਿਆਂ ਦਾ ਦੋਹਨ ਹੋ ਰਿਹਾ ਹੈ, ਉਸ ਅਨੁਸਾਰ ਸਾਨੂੰ ਆਪਣੀਆਂ ਅਗਲੀਆਂ ਪੀੜ੍ਹੀਆਂ ਲਈ ਪਾਣੀ ਬਚਾਉਣ ਲਈ ਉਪਰਾਲੇ ਕਰਨੇ ਚਾਹੀਦੇ ਹਨ ਅਤੇ ਪਾਣੀ ਦੀ ਵਰਤੋਂ ਸੰਜਮ ਨਾਲ ਕਰਨੀ ਚਾਹੀਦੀ ਹੈ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵਰਖਾ ਦੇ ਪਾਣੀ ਦੀ ਸੰਭਾਲ ਕਰਨ ਪ੍ਰਤੀ ਵੀ ਵਧੇਰੇ ਸੁਚੇਤ ਹੋਣ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜਿੱਥੇ ਸੰਭਵ ਹੋਵੇ ਮੀਂਹ ਦਾ ਸਾਫ ਪਾਣੀ ਧਰਤੀ ਹੇਠ ਭੇਜਣਾ ਚਾਹੀਦਾ ਹੈ ਤਾਂ ਜੋ ਸਾਡੇ ਧਰਤੀ ਹੇਠਲੇ ਪਾਣੀ ਦੇ ਭੰਡਾਰ ਭਰੇ ਰਹਿਣ। ਉਨ੍ਹਾਂ ਨੇ ਕਿਹਾ ਕਿ ਇਸ ਤੋਂ ਬਿਨ੍ਹਾਂ ਖੇਤੀ, ਇੰਡਸਟਰੀ ਅਤੇ ਘਰੇਲੂ ਵਰਤੋਂ ਲਈ ਵੀ ਪਾਣੀ ਦੀ ਵਰਤੋਂ ਸੁਚੱਜੇ ਤਰੀਕੇ ਨਾਲ ਕੀਤੀ ਜਾਵੇ ਅਤੇ ਪਾਣੀ ਦੀ ਬਰਬਾਦੀ ਨਾ ਹੋਣ ਦਿੱਤੀ ਜਾਵੇ।

ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਇਸ ਮੌਕੇ ਇਹ ਵੀ ਦੱਸਿਆ ਕਿ ਜ਼ਿਲ੍ਹਾ ਪੱਧਰ ਤੇ ਜਲ ਸ਼ਕਤੀ ਕੇਂਦਰ ਵੀ ਜਲਦ ਸਥਾਪਿਤ ਕੀਤਾ ਜਾਵੇਗਾ ਜਿੱਥੋਂ ਪਾਣੀ ਦੀ ਬਚੱਤ ਸਬੰਧੀ ਹਰ ਪ੍ਰਕਾਰ ਦੀ ਜਾਣਕਾਰੀ ਮਿਲ ਸਕੇਗੀ ਅਤੇ ਇਸ ਤੋਂ ਬਿਨ੍ਹਾਂ ਪਾਣੀ ਦੇ ਸੋਮਿਆਂ ਦੀ ਪਹਿਚਾਣ ਕਰਕੇ ਉਨ੍ਹਾਂ ਦੀ ਸੰਭਾਲ ਲਈ ਵੀ ਪ੍ਰੋਜੈਕਟ ਜਲਦ ਉਲੀਕਿਆ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਇਸ ਤੋਂ ਬਿਨ੍ਹਾਂ ਮਗਨਰੇਗਾ ਤਹਿਤ ਨਵੇਂ ਜਲ ਭੰਡਾਰ ਟੈਂਕ ਬਣਾਉਣ ਦੀਆਂ ਸੰਭਾਵਨਾਵਾਂ ਵੀ ਤਲਾਸ਼ੀਆਂ ਜਾਣਗੀਆਂ।

ਇਸ ਮੌਕੇ ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਸਿੰਚਾਈ ਵਾਲੇ ਪਾਣੀ ਦੀ ਬਚਤ ਲਈ ਜਮੀਨਦੋਜ਼ ਪਾਇਪਾਂ ਪਾਉਣ ਲਈ ਪੰਜਾਬ ਸਰਕਾਰ ਵੱਲੋਂ 21 ਕਰੋੜ ਰੁਪਏ ਦੀ ਸਬਸਿਡੀ ਦਿੱਤੀ ਗਈ ਹੈ ਅਤੇ ਮਾਇਕ੍ਰੋ ਇਰੀਗੇਸ਼ਨ ਲਈ 2.31 ਕਰੋੜ ਰੁਪਏ ਦੀ ਸਬਸਿਡੀ ਕਿਸਾਨਾਂ ਨੂੰ ਦਿੱਤੀ ਗਈ ਹੈ।

## ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਪੰਜਾਬ ਸਟੇਟ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਵਿਚ ਜ਼ਿਲ੍ਹਾ ਫਾਜ਼ਿਲਕਾ ਦੇ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ

## ਖਿਡਾਰੀਆਂ ਨੇ ਮੈਡਲ ਜਿੱਤ ਕੇ ਜ਼ਿਲ੍ਹ ਦਾ ਨਾਮ ਕੀਤਾ ਰੋਸ਼ਨ-ਬਲਵੰਤ ਸਿੰਘ

ਫਾਜ਼ਿਲਕਾ 18 ਅਗਸਤ

ਪੰਜਾਬ ਸਟੇਟ ਕਿੱਕ ਬਾਕਸਿੰਗ ਚੈਂਪੀਅਨਸ਼ਿਪ (ਲੜਕੇ-ਲੜਕੀਆਂ) ਮਾਨਸਾ ਵਿਖੇ ਕਰਵਾਈ ਗਈ ਚੈਂਪੀਅਨਸ਼ਿਪ ਵੱਚ ਜ਼ਿਲ੍ਹਾ ਫਾਜਿਲਕਾ ਦੇ ਖਿਡਾਰੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗੋਲਡ ਸਿਲਵਰ ਅਤੇ ਬਰਾਉਂਜ ਮੈਡਲ ਹਾਸਲ ਕੀਤੇ ਗਏ।ਇਸ ਚੈਪੀਅਨਸ਼ਿਪ ਵਿੱਚ ਅੰਕੁਸ਼ ਕੱਕੜ ਨੇ 2 ਗੋਲਡ, ਹੈਪੀ ਸਿੰਘ ਨੇ 1 ਗੋਲਡ ਅਤੇ 1 ਬਰਾਉਂਜ, ਮਨਜੀਤ ਸਿੰਘ 1 ਸਿਲਵਰ ਅਤੇ 1 ਬਰਾਉਂਜ, ਸਾਹਿਲਪ੍ਰੀਤ ਸਿੰਘ ਨੇ 1 ਗੋਲਡ ਅਤੇ 1 ਬਰਾਉਂਜ ਮੈਡਲ ਪ੍ਰਾਪਤ ਕੀਤਾ।ਇਹ ਜਾਣਕਾਰੀ ਜ਼ਿਲ੍ਹਾ ਖੇਡ ਅਫਸਰ ਸ. ਬਲਵੰਤ ਸਿੰਘ ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਲੜਕੀਆਂ ਦੇ ਮੁਕਾਬਲੇ ਵਿੱਚ ਪ੍ਰਿਅੰਕਾ ਨੇ 1 ਗੋਲਡ ਅਤੇ 1 ਸਿਲਵਰ, ਰਾਜੂ ਰਾਣੀ ਨੇ 1 ਗੋਲਡ,ਆਰਜੂ ਨੇ 1 ਗੋਲਡ ਅਤੇ 1 ਸਿਲਵਰ ਅਤੇ ਜੋਤੀ ਸ਼ਰਮਾ ਨੇ 2 ਗੋਲਡ ਮੈਂਡਲ ਪ੍ਰਾਪਤ ਕੀਤੇ। ਖਿਡਾਰੀਆਂ ਦੇ ਕੋਚ ਸ਼੍ਰੀ ਬਲਰਾਜ ਸਿੰਘ ਵੱਲੋਂ ਦੱਸਿਆ ਗਿਆ ਕਿ ਇਹਨਾਂ ਖਿਡਾਰੀਆਂ ਵਿੱਚੋ ਪੰਜ ਖਿਡਾਰੀ ਗੋਆ ਵਿਖੇ 26 ਅਗਸਤ 2021 ਤੋਂ 29 ਅਗਸਤ 2021 ਤੱਕ ਹੋ ਰਹੀ ਨੈਸ਼ਨਲ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਭਾਗ ਲੈਣਗੇ।

ਖਿਡਾਰੀਆਂ ਦੇ ਦਫਤਰ ਜ਼ਿਲ੍ਹਾ ਖੇਡ ਅਫਸਰ ਫਾਜਿਲਕਾ ਵਿਖੇ ਪਹੁਚੰਣ ਤੇ ਜ਼ਿਲ੍ਹਾ ਖੇਡ ਅਫਸਰ ਸ਼੍ਰੀ ਬਲਵੰਤ ਸਿੰਘ ਵੱਲੋਂ ਇਹਨਾਂ ਖਿਡਾਰੀਆਂ ਅਤੇ ਉਹਨਾਂ ਦੇ ਕੋਚ ਦਾ ਸਵਾਗਤ ਕੀਤਾ ਗਿਆ ਅਤੇ ਖਿਡਾਰੀਆਂ ਦੀ ਇਸ ਪ੍ਰਾਪਤੀ ਤੇ ਉਹਨਾਂ ਨੂੰ ਬਹੁਤ-ਬਹੁਤ ਮੁਬਾਰਕ ਦਿੱਤੀ ਅਤੇ ਕਿਹਾ ਕਿ ਇਹਨਾਂ ਖਿਡਾਰੀਆਂ ਨੇ ਜ਼ਿਲ੍ਹਾ ਫਾਜਿਲਕਾ ਦਾ ਮਾਣ ਵਧਾਇਆ ਹੈ ਅਤੇ ਕਾਮਨਾ ਕੀਤੀ ਕਿ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਵੱਧ ਤੋਂ ਵੱਧ ਮੈਡਲ ਪ੍ਰਾਪਤ ਕਰਕੇ ਜ਼ਿਲ੍ਹਾ ਦਾ ਨਾਮ ਰੋਸ਼ਣ ਕਰਨ।



# ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## 31 ਅਗਸਤ ਤੱਕ ਟਾਈਪ-1 ਅਤੇ ਟਾਈਪ-2 ਸੇਵਾ ਕੇਂਦਰਾਂ ਦੇ ਖੁੱਲ੍ਹਣ ਦਾ ਸਮਾਂ ਸਵੇਰੇ 9 ਵਜੇ ਤੋਂ ਸ਼ਾਮ 7 ਵਜੇ ਤੱਕ ਕੀਤਾ



ਫਾਜ਼ਿਲਕਾ 18 ਅਗਸਤ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਭਾਗਾਂ ਵਿਚ ਨੌਜਵਾਨਾਂ ਦੀਆਂ ਭਰਤੀਆਂ ਅਤੇ ਦਾਖਲਿਆਂ ਨੂੰ ਲੈ ਕੇ ਸੇਵਾ ਕੇਂਦਰ ਵਿਖੇ ਭੀੜ ਰਹਿਣ ਕਾਰਨ ਸੇਵਾ ਕੇਂਦਰਾਂ ਦੇ ਖੁਲੱ੍ਹਣ ਦੇ ਸਮੇਂ ਵਿਚ ਵਾਧਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਹੁਣ 31 ਅਗਸਤ 2021 ਤੱਕ ਜ਼ਿਲ੍ਹੇ ਦੇ ਟਾਈਪ-1 ਅਤੇ ਟਾਈਪ-2 ਸੇਵਾ ਕੇਂਦਰ ਵਿਖੇ ਸਵੇਰੇ 9 ਵਜੇ ਤੋਂ ਸ਼ਾਮ 7 ਵਜੇ ਖੁੱਲ੍ਹੇ ਰਹਿਣਗੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰ ਵੱਲੋਂ ਵੱਖ-ਵੱਖ ਵਿਭਾਗਾਂ ਵਿਚ ਭਰਤੀਆਂ ਕੀਤੀਆਂ ਜਾ ਰਹੀਆਂ ਹਨ ਜਿਸ ਤਹਿਤ ਸੇਵਾ ਕੇਂਦਰ ਵਿਖੇ ਜਾ ਕੇ ਨੌਜਵਾਨਾਂ ਅਤੇ ਵਿਦਿਆਰਥੀਆ ਨੇ ਲੋੜ ਮੁਤਾਬਕ ਸਰਟੀਫਿਕੇਟ ਬਣਵਾਉਣੇ ਹੁੰਦੇ ਹਨ ਜਿਸ ਕਰਕੇ ਸੇਵਾ ਕੇਂਦਰ ਵਿਖੇ ਭੀੜ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸੇਵਾ ਕੇਂਦਰ ਵਿਖੇ ਜ਼ਿਆਦਾ ਭੀੜ ਨਾ ਕਰਨ ਦੀ ਸੂਰਤ ਵਿਚ ਸੇਵਾ ਕੇਂਦਰ ਦੇ ਸਮੇ `ਚ ਵਾਧਾ ਕੀਤਾ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਟਾਈਪ-1 ਦੇ 1 ਸੇਵਾ ਕੇਂਦਰ ਡੀ.ਏ.ਸੀ. ਕੰਪਲੈਕਸ ਅਤੇ ਟਾਈਪ-2 ਦੇ 6 ਸੇਵਾ ਕੇਂਦਰਾਂ ਜਿਸ ਵਿਚ ਤਹਿਸੀਲ ਕੰਪਲੈਕਸ ਜਲਾਲਾਬਾਦ, ਮਾਰਕੀਟ ਕਮੇਟੀ ਜਲਾਲਾਬਾਦ, ਮਿਉਂਸੀਪਲ ਕੌਂਸਲ ਫਾਜ਼ਿਲਕਾ, ਅਰਨੀਵਾਲਾ, ਤਹਿਸੀਲ ਕੰਪਲੈਕਸ ਅਬੋਹਰ ਅਤੇ ਅਨਾਜ ਮੰਡੀ ਅਬੋਹਰ ਵਿਖੇ ਬਣੇ ਸੇਵਾ ਕੇਂਦਰ ਦਾ ਸਮਾਂ ਸਵੇਰੇ 9 ਵਜੇ ਤੋਂ ਸ਼ਾਮ 7 ਵਜੇ ਤੱਕ ਨਿਰਧਾਰਤ ਕੀਤਾ ਜਾਂਦਾ ਹੈ।

# ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

# ਪਿੰਡ ਨਿਹਾਲਖੇੜਾ ਵਿਖੇ ਬਾਗਬਾਨੀ ਕਿਸਾਨ ਸਿਖਲਾਈ ਕੈਂਪ ਲਗਾਇਆ

ਫਾਜ਼ਿਲਕਾ 18 ਅਗਸਤ

ਬਾਗਬਾਨੀ ਵਿਭਾਗ, ਅਬੋਹਰ ਵੱਲੋਂ ਜ਼ਿਲ੍ਹਾ ਫਾਜ਼ਿਲਕਾ ਅਧੀਨ ਪੈਂਦੇ ਪਿੰਡ ਨਿਹਾਲਖੇੜਾ ਵਿਖੇ ਬਾਗਬਾਨੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ।ਇਸ ਮੌਕੇ ਡਿਪਟੀ ਡਾਇਰੈਕਟਰ ਬਾਗਬਾਨੀ, ਅਬੋਹਰ ਤਜਿੰਦਰ ਸਿੰਘ ਵੱਲੋਂ ਬਾਗਬਾਨਾਂ ਨੂੰ ਕੌਮੀ ਬਾਗਬਾਨੀ ਮਿਸ਼ਨ ਦੀਆਂ ਚੱਲ ਰਹੀਆਂ ਸਕੀਮਾਂ ਬਾਰੇ ਦੱਸਿਆ ਅਤੇ ਕਿੰਨੂ ਬਾਗਾਂ ਦੇ ਬੂਟਿਆਂ ਦੇ ਅਚਾਨਕ ਸੁੱਕਣ ਬਾਰੇ ਜਾਣਕਾਰੀ ਦਿੱਤੀ ਅਤੇ ਇਨ੍ਹਾਂ ਦੇ ਉਪਚਾਰ ਬਾਰੇ ਜਾਗਰੂਕ ਕੀਤਾ ਗਿਆ।ਇਸ ਮੌਕੇ ਸਿਟਰਸ ਅਸਟੇਟ, ਅਬੋਹਰ ਦੇ ਮੁੱਖ ਕਾਰਜਕਾਰੀ ਅਫਸਰ ਜਗਤਾਰ ਸਿੰਘ ਵੱਲੋਂ ਮਿੱਟੀ/ਪੱਤਾ ਪਰਖ, ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸਾਨੂੰ ਬਾਗਬਾਨੀ ਫਸਲਾਂ ਦੀ ਕਾਸ਼ਤ ਕਰਨ ਤੋਂ ਪਹਿਲਾਂ ਮਿੱਟੀ ਪਰਖ ਕਰਵਾਉਣੀ ਲਾਜ਼ਮੀ ਹੈ।ਇਸ ਨਾਲ ਸਾਡੇ ਜਮੀਨ ਦੀ ਸਿਹਤ ਦਾ ਸੁਧਾਰ ਅਤੇ ਪੈਸਿਆ ਦੀ ਬੱਚਤ ਵੀ ਹੋਵੇਗੀ।ਉਨ੍ਹਾਂ ਨੇ ਸਿਟਰਸ ਅਸਟੇਟ ਵਿੱਚ ਮੌਜੂਦ ਆਧੁਨਿਕ ਮਸ਼ੀਨੀਕਰਨ ਨੂੰ ਬਾਗਬਾਨਾਂ ਨੂੰ ਕਿਰਾਏ ਤੇ ਦੇਣ ਲਈ ਅਤੇ ਇਨ੍ਹਾਂ ਮਸ਼ੀਨਕਰਨ ਦੇ ਫਾਇਦੇ ਬਾਰੇ ਵੀ ਦੱਸਿਆ ਗਿਆ।ਬਾਗਬਾਨੀ ਵਿਕਾਸ ਅਫਸਰ, ਪੰਜਕੋਸੀ ਸ੍ਰੀਮਤੀ ਮਨਜੀਤ ਰਾਣੀ ਵੱਲੋਂ ਫਲਦਾਰ ਬੂਟਿਆਂ ਨੂੰ ਲਵਾਉਣ ਦੇ ਢੰਗ ਤਰੀਕੇ ਖੁੰਬਾਂ ਦੀ ਕਾਸ਼ਤ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਪਿੰਡ ਦੇ ਅਗਾਂਹਵਧੂ ਬਾਗਬਾਨ ਸ੍ਰੀ ਰਵੀਕਾਂਤ ਨੇ ਦੱਸਿਆ ਕਿ ਸਾਡਾ ਇਲਾਕਾ ਸੇਮ ਪ੍ਰਭਾਵਿਤ ਹੋਣ ਕਰਕੇ ਕਿੰਨੂ ਦੇ ਬਾਗ ਸੁੱਕਦੇ ਜਾ ਰਹੇ ਹਨ ਅਤੇ ਇਸ ਮੋਨੋਕਲਚਰਲ ਦੇ ਬਦਲ ਵੱਜੋਂ ਖਜੂਰਾਂ ਦੀ ਖੇਤੀ ਲਾਹੇਵੰਦ ਸਾਬਿਤ ਹੋ ਸਕਦੀ ਹੈ ਉਨ੍ਹਾਂ ਕਿਹਾ ਕਿ ਰਾਜਸਥਾਨ ਸਥਾਨ ਦੇ ਤਰਜ ਤੇ ਪੰਜਾਬ ਸਰਕਾਰ ਵੱਲੋਂ ਵੀ ਇਨ੍ਹਾਂ ਟਿਸ਼ੂ ਕਲਚਰ ਖਜੂਰ ਦੇ ਬੂਟਿਆਂ ਉਪਰ 90 ਫੀਸਦੀ ਤੱਕ ਸਬਸਿਡੀ ਦਿੱਤੀ ਜਾਵੇ ਤਾਂ ਖਜੂਰ ਹੇਠ ਰਕਬਾ ਵਧਾਇਆ ਜਾ ਸਕਦਾ ਹੈ।ਇਸ ਨਾਲ ਕਿਸਾਨ ਦੀ ਆਮਦਨ ਵਿੱਚ ਵੀ ਵਾਧਾ ਹੋਵੇਗਾ।ਇਹ ਖਜੂਰ ਮਾੜੇ ਪਾਣੀ ਅਤੇ ਮਿੱਟੀ ਵਿੱਚ ਸਫਲ ਪੂਰਵਕ ਕਾਸ਼ਤ ਕੀਤੀ ਜਾ ਸਕਦੀ ਹੈ।

ਇਸ ਤੋਂ ਇਲਾਵਾ ਇਸ ਕੈਂਪ ਵਿੱਚ ਬਾਗਬਾਨੀ ਵਿਕਾਸ ਅਫਸਰ ਰਮਨਪ੍ਰੀਤ ਸਿੰਘ, ਪਵਨ ਕੁਮਾਰ, ਰਮਨਦੀਪ ਕੌਰ ਅਤੇ ਕੰਵਲਜੀਤ ਕੌਰ ਨੇ ਵੀ ਆਪਣੇ ਵਿਚਾਰ ਬਾਗਬਾਨਾਂ ਨਾਲ ਸਾਂਝੇ ਕੀਤੇ ਗਏ।ਇਸ ਕੈਂਪ ਵਿੱਚ ਬਾਗਬਾਨੀ ਉਪ ਨਿਰੀਖਕ, ਸਿਟਰਸ ਅਸਟੇਟ ਸਟਾਫ ਅਤੇ ਇਲਾਕੇ ਦੇ ਬਾਗਬਾਨ ਸ੍ਰੀ ਗੁਰਦਿਆਲ ਸਿੰਘ, ਰਵੀਕਾਂਤ, ਰਾਮਰਤਨ, ਸਰਪੰਚ ਰਾਧਾ ਕ੍ਰਿਸ਼ਨ, ਜਯੋਤੀ ਪ੍ਰਕਾਸ਼, ਭੂਪ ਰਾਮ, ਪ੍ਰਿਥੀ ਰਾਜ ਆਦਿ ਬਾਗਬਾਨਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਗਿਆ।







# ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਸ਼ਾਮ ਨੂੰ ਸੂਰਜ ਡੁੱਬਣ ਤੋਂ ਬਾਅਦ ਅਤੇ ਸਵੇਰੇ ਸੂਰਜ ਚੜਨ ਤੋਂ ਪਹਿਲਾਂ ਗਊ ਵੰਸ਼ ਦੀ ਢੋਆ ਢੁਆਈ ’ਤੇ ਪੂਰਨ ਪਾਬੰਦੀ

ਫ਼ਾਜ਼ਿਲਕਾ, 18 ਅਗਸਤ

ਜ਼ਿਲਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਫੌਜਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲਾ ਫ਼ਾਜ਼ਿਲਕਾ ਵਿਚ ਸ਼ਾਮ ਨੂੰ ਸੂਰਜ ਡੁੱਬਣ ਤੋਂ ਬਾਅਦ ਅਤੇ ਸਵੇਰੇ ਸੂਰਜ ਚੜਨ ਤੋਂ ਪਹਿਲਾਂ ਗਊ ਵੰਸ਼ ਦੀ ਢੋਆ ਢੁਆਈ ’ਤੇ ਪੂਰਨ ਪਾਬੰਦੀ ਲਗਾਈ ਹੈ ਅਤੇ ਜਿਨਾਂ ਲੋਕਾਂ ਨੇ ਗਊ ਵੰਸ਼ ਰੱਖੇ ਹੋਏ ਹਨ, ਉਨਾਂ ਨੂੰ ਪਸ਼ੂ ਪਾਲਣ ਵਿਭਾਗ ਪਾਸ ਰਜਿਸਟਰਡ ਕਰਾਉਣ ਦੇ ਆਦੇਸ਼ ਦਿੱਤੇ ਹਨ। ਇਹ ਹੁਕਮ 30 ਸਤੰਬਰ 2021 ਤੱਕ ਲਾਗੂ ਰਹਿਣਗੇ। ਉਨਾਂ ਕਿਹਾ ਕਿ ਆਮ ਵੇਖਣ ਵਿਚ ਆਉਂਦਾ ਹੈ ਕਿ ਲਾਵਾਰਸ਼ ਗਊਆਂ ਕਾਰਨ ਰਾਤ ਸਮੇਂ ਸੜਕ ਤੇ ਕਈ ਵਾਰ ਐਕਸੀਡੈਂਟ ਹੋ ਜਾਂਦੇ ਹਨ। ਜਿਸ ਕਾਰਨ ਆਮ ਲੋਕਾਂ ਦਾ ਜਾਨੀ ਤੇ ਮਾਲੀ ਨੁਕਸਾਨ ਵੀ ਹੁੰਦਾ ਹੈ। ਐਕਸੀਡੈਂਟ ਕਾਰਨ ਮਰੇ ਗਊ ਵੰਸ਼ ਸਬੰਧੀ ਕਈ ਵਾਰ ਲੋਕਾਂ ਵੱਲੋਂ ਇਹ ਇਲਜਾਮ ਲਗਾਇਆ ਜਾਂਦਾ ਹੈ ਕਿ ਇਨਾਂ ਨੂੰ ਕਿਸੇ ਸ਼ਰਾਰਤੀ ਅਨਸਰਾਂ ਨੇ ਮਾਰ ਕੇ ਸੁੱਟ ਦਿੱਤਾ ਹੈ, ਜਿਸ ਨਾਲ ਸਮਾਜ ਦੇ ਵੱਡੇ ਵਰਗ ਵਿਚ ਬੇਚੈਨੀ ਵੀ ਫੈਲਦੀ ਹੈ।

ਉਨਾਂ ਕਿਹਾ ਕਿ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਇਹ ਯਕੀਨੀ ਬਣਾਉਣਗੇ ਕਿ ਸ਼ਹਿਰਾਂ ਅਤੇ ਪਿੰਡਾਂ ਵਿਚ ਜਿੰਨਾਂ ਲੋਕਾਂ ਨੇ ਗਊ ਵੰਸ਼ ਰੱਖਿਆ ਹੋਇਆ ਹੈ ਉਹ ਉਨਾਂ ਨੂੰ ਰਜਿਸਟਰਡ ਜ਼ਰੂਰ ਕਰਵਾਉਣ। ਏਰੀਆ ਦੇ ਸਬੰਧਤ ਪਸ਼ੂ ਪਾਲਣ ਅਫਸਰ ਕੋਲੋਂ ਗਊ ਵੰਸ਼ ਦੀ ਰਜਿਸਟਰੇਸ਼ਨ ਕਰਵਾਉਣ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਗਊ ਵੰਸ਼ ਨੂੰ ਲੈ ਕੇ ਕੋਈ ਅਣਸੁਖਾਵੀਂ ਘੱਟਨਾ ਨਾ ਵਾਪਰ ਸਕੇ ਅਤੇ ਗਊ ਵੰਸ਼ ਦੀ ਸੁਰੱਖਿਆ ਸਬੰਧੀ ਉਪਰਾਲੇ ਕੀਤੇ ਜਾ ਸਕਣ।

## ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫ਼ਾਜ਼ਿਲਕਾ

## ਲੱਕੀ ਡਰਾਅ ਸਕੀਮਾਂ, ਪ੍ਰਾਈਵੇਟ ਲਾਟਰੀਆਂ ਤੇ ਕਮੇਟੀਆਂ ਕੱਢਣ ’ਤੇ ਪਾਬੰਦੀ ਦੇ ਹੁਕਮ

ਫ਼ਾਜ਼ਿਲਕਾ 18 ਅਗਸਤ

ਜ਼ਿਲਾ ਮੈਜਿਸਟ੍ਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਫੌਜ਼ਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲਾ ਫ਼ਾਜ਼ਿਲਕਾ ’ਚ ਕੱਢੇ ਜਾਂਦੇ ਲੱਕੀ ਡਰਾਅ ਸਕੀਮਾਂ, ਪ੍ਰਾਈਵੇਟ ਲਾਟਰੀਆਂ, ਕਮੇਟੀਆਂ ਜਿਸ ਵਿਚ ਹਫ਼ਤਾਵਾਰੀ ਜਾਂ ਮਹੀਨੇਵਾਰ ਪੈਸੇ ਇੱਕਠੇ ਕਰਕੇ ਡਰਾਅ ਕੱਢੇ ਜਾਂਦੇ ਹਨ ਜਾਂ ਡਰਾਅ ਰਾਹੀਂ ਪੈਸੇ, ਇਨਾਮ ਵਸਤੂ ਆਦਿ ਦਿੱਤੀ ਜਾਂਦੀ ਹੈ ਜਾਂ ਬੋਲੀ ਕੀਤੀ ਜਾਂਦੀ ਹੈ ’ਤੇ ਪੂਰਨ ਤੌਰ ’ਤੇ ਪਾਬੰਦੀ ਲਗਾਈ ਹੈ।

ਹੁਕਮਾਂ ਵਿਚ ਕਿਹਾ ਕਿ ਕਈ ਲੋਕਾਂ ਵੱਲੋਂ ਭੋਲੇ ਭਾਲੇ ਲੋਕਾਂ ਨੂੰ ਗੁੰਮਰਾਹ ਕਰਕੇ ਲਾਟਰੀਆਂ ਅਤੇ ਲੱਕੀ ਕੂਪਨ ਸਕੀਮਾਂ ਆਦਿ ਰਾਹੀਂ ਉਨਾਂ ਦਾ ਧਨ ਲੁੱਟਿਆ ਜਾਂਦਾ ਹੈ ਜਿਸ ਕਾਰਨ ਅਮਨ ਤੇ ਕਾਨੂੰਨ ਦੀ ਵਿਵਸਥਾ ਕਾਇਮ ਰੱਖਣ ਵਿੱਚ ਅੜਚਨ ਪੈਦਾ ਹੋ ਸਕਦੀ ਹੈ। ਅਜਿਹੀਆਂ ਸਕੀਮਾਂ ਦੇ ਲੋਕ ਹਿਤ, ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਪਾਬੰਦੀ ਲਗਾਉਣੀ ਜ਼ਰੂਰੀ ਹੈ। ਇਹ ਹੁਕਮ 30 ਸਤੰਬਰ 2021 ਤੱਕ ਲਾਗੂ ਰਹਿਣਗੇ।

## ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਜ਼ਿਲਾ ਫਾਜ਼ਿਲਕਾ ਦੀ ਹਦੂਦ ਅੰਦਰ ਹੁੱਕਾ ਬਾਰ ’ਤੇ ਪਾਬੰਦੀ

ਫਾਜ਼ਿਲਕਾ 18 ਅਗਸਤ

ਜ਼ਿਲਾ ਮੈਜਿਸਟ੍ਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਫੌਜਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋ ਕਰਦਿਆਂ ਅਤੇ ਜਨਹਿੱਤ ਨੂੰ ਮੁੱਖ ਰਖਦਿਆਂ ਜ਼ਿਲੇ ਵਿਚ ਹੁੱਕਾ ਬਾਰ ਚਲਾਉਣ ’ਤੇ ਮੁਕੰਮਲ ਪਾਬੰਦੀ ਲਗਾ ਦਿੱਤੀ ਹੈ। ਇਹ ਹੁਕਮ 30 ਸਤੰਬਰ 2021 ਤੱਕ ਲਾਗੂ ਰਹਿਣਗੇ।

ਜ਼ਿਲਾ ਮੈਜਿਸਟ੍ਰੇਟ ਦੇ ਜਾਰੀ ਹੁਕਮਾਂ ਅਨੁਸਾਰ ਕਿਸੇ ਵੀ ਰੈਸਟੋਰੈਂਟ ਜਾਂ ਹੁੱਕਾ ਬਾਰ ਵਿਖੇ ਗ੍ਰਾਹਕਾਂ ਨੂੰ ਹੁੱਕਾ ਨਹੀਂ ਪਰੋਸਿਆ ਜਾ ਸਕੇਗਾ। ਜ਼ਿਲੇ ਦੇ ਸਮੂਹ ਪਿੰਡਾਂ ਅਤੇ ਨਗਰ ਕੌਂਸਲਾਂ ਦੀ ਹੱਦ ਵਿਚ ਇਹ ਹੁਕਮ ਲਾਗੂ ਰਹਿਣਗੇ। ਉਨਾਂ ਕਿਹਾ ਕਿ ਉਲੰਘਣਾ ਕਰਨ ਵਾਲੇ ਵਿਅਕਤੀ ਵਿਰੁੱਧ ਭਾਰਤੀ ਢੰਡ ਵਿਧਾਨ ਦੀ ਧਾਰਾ 188 ਤਹਿਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

## ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਜਨਤਕ ਥਾਵਾਂ ’ਤੇ ਅਵਾਰਾ ਪਸ਼ੂਆਂ ਨੂੰ ਚਾਰਾ ਪਾਉਣ ’ਤੇ ਪਾਬੰਦੀ

ਫਾਜ਼ਿਲਕਾ 18 ਅਗਸਤ

ਜ਼ਿਲਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਜਾਬਤਾ ਫੌਜਦਾਰੀ ਸੰਘਤਾ 1973 (1974 ਐਕਟ ਨੰ: 2) ਦੀ ਧਾਰਾ 144 ਤਹਿਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲਾ ਫਾਜ਼ਿਲਕਾ ਦੀ ਹਦੂਦ ਅੰਦਰ ਜਨਤਕ ਥਾਵਾਂ ’ਤੇ ਅਵਾਰਾ ਪਸ਼ੂਆਂ ਨੂੰ ਹਰਾ ਚਾਰਾ ਪਾਉਣ ’ਤੇ ਪਾਬੰਦੀ ਲਗਾਉਣ ਦੇ ਆਦੇਸ਼ ਜਾਰੀ ਕੀਤੇ ਹਨ। ਇਹ ਹੁਕਮ 30 ਸਤੰਬਰ 2021 ਤੱਕ ਲਾਗੂ ਰਹਿਣਗੇ। ਜ਼ਿਲਾ ਮੈਜਿਸਟਰੇਟ ਨੇ ਜਾਰੀ ਹੁਕਮਾਂ ਵਿੱਚ ਕਿਹਾ ਕਿ ਜਨਤਕ ਥਾਵਾਂ ’ਤੇ ਆਮ ਲੋਕਾਂ ਵੱਲੋਂ ਅਵਾਰਾ ਪਸ਼ੂਆਂ ਨੂੰ ਹਰਾ ਚਾਰਾ ਪਾਇਆ ਜਾਂਦਾ ਹੈ ਜਿਸ ਨਾਲ ਆਵਾਜਾਈ ਦੀ ਸਮੱਸਿਆ ਪੈਦਾ ਹੁੰਦੀ ਹੈ। ਇਸ ਨਾਲ ਜਾਨ ਮਾਲ ਦਾ ਨੁਕਸਾਨ ਵੀ ਹੋ ਸਕਦਾ ਹੈ। ਇਸ ਕਰਕੇ ਉਨਾਂ ਜਨਤਕ ਥਾਵਾਂ ’ਤੇ ਅਵਾਰਾ ਪਸ਼ੂਆਂ ਨੂੰ ਹਰਾ ਚਾਰਾ ਨਾ ਪਾਉਣ ਦੇ ਹੁਕਮ ਜਾਰੀ ਕੀਤੇ ਹਨ।